**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :22-07-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਦਾ ਅਸਤੀਫ਼ਾ ਸਵੀਕਾਰ ਕਰ ਲਿਆ ਗਿਆ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਤੋਂ ਬਰਤਾਨੀਆ ਦੇ ਦੌਰੇ 'ਤੇ ਹੋਣਗੇ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸ੍ਰੀ ਹਰਿਮੰਦਰ ਸਾਹਿਬ ਨੂੰ ਮਿਲ ਰਹੀਆਂ ਧਮਕੀ ਭਰੀਆਂ ਈ-ਮੇਲਾਂ ਦੀ ਗੰਭੀਰਤਾ ਨੂੰ ਸਮਝਦਿਆਂ, ਸਰਕਾਰ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਨੇ ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਰਾਸ਼ਟਰੀ ਖੇਤੀਬਾੜੀ ਅਤੇ ਦਿਹਾਤੀ ਵਿਕਾਸ ਬੈਂਕ ਨੇ ਸੂਬੇ ਦੀ ਖੇਤੀ ਅਰਥ-

ਵਿਵਸਥਾ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਈ ਏ - ਬਿਹਤਰੀਨ ਪ੍ਰਦਰਸ਼ਨ ਕਰਨ ਵਾਲੀਆਂ ਸੁਸਾਇਟੀਆਂ ਨੂੰ ਕੀਤਾ ਸਨਮਾਨਿਤ।

- ਜਲੰਧਰ, ਪਠਾਨਕੋਟ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚ ਅੱਜ ਭਾਰੀ ਮੀਂਹ ਪਿਆ।

--------------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਦਾ ਅਸਤੀਫ਼ਾ ਸਵੀਕਾਰ ਕਰ ਲਿਆ ਗਿਆ ਏ ।ਰਾਜ ਸਭਾ ਵਿੱਚ ਦੁਪਹਿਰ 12 ਵਜੇ ਪ੍ਰਸ਼ਨ ਕਾਲ ਸ਼ੁਰੂ ਹੁੰਦੇ ਹੀ, ਉਪ-ਸਭਾਪਤੀ ਘਣਸ਼ਿਆਮ ਤਿਵਾੜੀ ਨੇ ਗ੍ਰਹਿ ਮੰਤਰਾਲੇ ਦੇ ਨੋਟੀਫਿਕੇਸ਼ਨ ਵਿੱਚ ਮੈਂਬਰਾਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ । ਸਵੇਰੇ ਸਦਨ ਦੀ ਕਾਰਵਾਈ ਦੌਰਾਨ, ਉਪ-ਸਭਾਪਤੀ ਹਰੀਵੰਸ਼ ਨੇ ਕਿਹਾ ਕਿ ਉਪ-ਰਾਸ਼ਟਰਪਤੀ ਦੇ ਅਹੁਦੇ ਦੀ ਖਾਲੀ ਥਾਂ ਨਾਲ ਸਬੰਧਤ ਅੱਗੇ ਦੀ ਸੰਵਿਧਾਨਕ ਪ੍ਰਕਿਰਿਆ ਪ੍ਰਾਪਤ ਹੋਣ 'ਤੇ ਜਾਣਕਾਰੀ ਦਿਤੀ ਜਾਵੇਗੀ।ਜ਼ਿਕਰਯੋਗ ਏ ਕਿ ਸ਼੍ਰੀ ਜਗਦੀਪ ਧਨਖੜ ਨੇ ਕੱਲ੍ਹ ਸਿਹਤ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਉਪ-ਰਾਸ਼ਟਰਪਤੀ ਦੇ ਅਹੁਦੇ ਤੋਂ

ਅਸਤੀਫਾ ਦੇ ਦਿੱਤਾ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਲਿਖੇ ਇੱਕ ਪੱਤਰ ਵਿੱਚ, ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਸਿਹਤ ਨੂੰ ਤਰਜੀਹ ਦੇਣ ਅਤੇ ਡਾਕਟਰੀ ਸਲਾਹ ਦੀ ਪਾਲਣਾ ਕਰਨ ਲਈ ਤੁਰੰਤ ਪ੍ਰਭਾਵ ਨਾਲ ਅਸਤੀਫਾ ਦੇ ਦਿੱਤਾ ਏ। ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ  ਅਟੁੱਟ ਸਮਰਥਨ ਲਈ ਰਾਸ਼ਟਰਪਤੀ ਦਾ ਧੰਨਵਾਦ ਪ੍ਰਗਟ ਕੀਤਾ। ਸ਼੍ਰੀ ਧਨਖੜ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ  ਮੰਤਰੀ ਮੰਡਲ ਦਾ ਵੀ ਡੂੰਘਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਰੇ ਸੰਸਦ ਮੈਂਬਰਾਂ ਤੋਂ ਉਨ੍ਹਾਂ ਨੂੰ ਮਿਲਿਆ ਨਿੱਘ, ਵਿਸ਼ਵਾਸ ਅਤੇ ਪਿਆਰ ਹਮੇਸ਼ਾ ਉਨ੍ਹਾਂ ਦੀ ਯਾਦ ਵਿੱਚ ਰਹੇਗਾ।  74 ਸਾਲਾ ਸ਼੍ਰੀ ਧਨਖੜ ਨੇ ਅਗਸਤ 2022 ਵਿੱਚ ਅਹੁਦਾ ਸੰਭਾਲਿਆ ਸੀ ਅਤੇ ਉਨ੍ਹਾਂ ਦਾ ਕਾਰਜਕਾਲ ਅਗਸਤ 2027 ਵਿੱਚ ਖਤਮ ਹੋਣਾ ਸੀ|

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼੍ਰੀ ਧਨਖੜ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ

ਕਿਹਾ ਕਿ ਸ਼੍ਰੀ ਧਨਖੜ ਨੂੰ ਭਾਰਤ ਦੇ ਉਪ-ਰਾਸ਼ਟਰਪਤੀ ਸਮੇਤ ਵੱਖ-ਵੱਖ ਅਹੁਦਿਆਂ 'ਤੇ ਦੇਸ਼ ਦੀ ਸੇਵਾ ਕਰਨ ਦੇ ਕਈ ਮੌਕੇ ਮਿਲੇ।

------------------------------------------------------------

ਪ੍ਰਧਾਨ ਮੰਤਰੀ ਵਿਦੇਸ਼ ਦੌਰਾਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਤੋਂ ਬਰਤਾਨੀਆ ਦੇ ਦੌਰੇ 'ਤੇ ਹੋਣਗੇ ।ਇਸ ਦੋ ਦਿਨਾਂ ਦੌਰੇ ਦੌਰਾਨ, ਉਹ ਬਰਤਾਨੀਆ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਗੱਲਬਾਤ ਕਰਨਗੇ ਅਤੇ ਕਿੰਗ ਚਾਰਲਸ ਤੀਜੇ ਨਾਲ ਮੁਲਾਕਾਤ ਕਰਨਗੇ । ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਭਾਰਤ ਅਤੇ ਬਰਤਾਨੀਆ ਦੇ ਪ੍ਰਮੁੱਖ ਕਾਰੋਬਾਰੀ ਆਗੂਆਂ ਨਾਲ ਗੱਲਬਾਤ ਕਰਨਗੇ। ਵਿਦੇਸ਼ ਸਕੱਤਰ ਨੇ ਕਿਹਾ ਕਿ ਇਹ ਦੌਰਾ ਦੋਵਾਂ ਆਗੂਆਂ ਨੂੰ ਭਾਰਤ-ਬਰਤਾਨੀਆ ਦੁਵੱਲੇ ਸਬੰਧਾਂ ਦੇ ਸਮੁੱਚੇ ਪਹਿਲੂਆਂ ਦੀ ਸਮੀਖਿਆ ਕਰਨ ਅਤੇ ਇਸਨੂੰ ਹੋਰ ਮਜ਼ਬੂਤ ਕਰਨ ਦੇ ਉਪਾਵਾਂ 'ਤੇ ਚਰਚਾ ਕਰਨ ਦਾ ਮੌਕਾ ਪ੍ਰਦਾਨ ਕਰੇਗਾ।

------------------------------------------------------------

ਪ੍ਰਸਾਰ ਭਾਰਤੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਅਤੇ ਏਸ਼ੀਆ

ਪੈਸੀਫਿਕ ਇੰਸਟੀਚਿਊਟ ਫਾਰ ਬ੍ਰੌਡਕਾਸਟਿੰਗ ਡਿਵੈਲਪਮੈਂਟ ਜਨਰਲ ਕਾਨਫਰੰਸ ਦੇ ਚੇਅਰਮੈਨ, ਗੌਰਵ ਦਿਵੇਦੀ ਨੇ ਕਿਹਾ ਏ ਕਿ ਪ੍ਰਸਾਰ ਭਾਰਤੀ, ਭਵਿੱਖ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਨਿਊਜ਼ਰੂਮ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ-ਸੰਚਾਲਿਤ ਹੱਲਾਂ ਦੀ ਜਾਂਚ ਕਰ ਰਿਹਾ ਏ।ਸ਼੍ਰੀ ਦਿਵੇਦੀ ਨੇ ਇਹ ਗੱਲ ਕੰਬੋਡੀਆ ਦੇ ਸੀਏਮ ਰੀਪ ਵਿੱਚ, 20ਵੇਂ ਏਸ਼ੀਅਨ ਮੀਡੀਆ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਵਿੱਚ ਕਹੀ । ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਤੇਜ਼ ਵਿਕਾਸ ਖ਼ਬਰਾਂ ਅਤੇ ਪ੍ਰਸਾਰਣ ਉਦਯੋਗ ਨੂੰ ਮੁੜ ਨੁਹਾਰ ਦੇ ਰਿਹਾ ਏ।

--------------------------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ  ਪੰਜ ਵੈਟਰਨਰੀ ਇੰਸਪੈਕਟਰਾਂ, ਦੋ ਸਟੈਨੋਗ੍ਰਾਫਰ ਤੇ ਟਾਈਪਿਸਟ ਅਤੇ ਇੱਕ ਗਿਣਤੀਕਾਰ ਨੂੰ ਨਿਯੁਕਤੀ ਪੱਤਰ ਸੌਂਪੇ । ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਸ੍ਰੀ ਖੁੱਡੀਆਂ ਨੇ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਪੂਰੀ ਲਗਨ ਅਤੇ ਸਮਰਪਣ ਦੀ ਭਾਵਨਾ ਨਾਲ ਆਪਣਾ ਫ਼ਰਜ਼ ਨਿਭਾਉਣ ਦੀ ਅਪੀਲ ਕੀਤੀ।  ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਸਫਲਤਾ ਹਾਸਲ ਕਰਨ ਲਈ

ਸਖ਼ਤ ਮਿਹਨਤ ਬੇਹੱਦ ਜ਼ਰੂਰੀ ਹੈ। ਇਸ ਦੌਰਾਨ ਗੁਰਮੀਤ ਸਿੰਘ ਖੁੱਡੀਆਂ ਨੇ ਕਲੈਰੀਕਲ ਪੱਧਰ ਦੀ ਤਰੱਕੀ ਪ੍ਰਾਪਤ ਕਰਨ ਵਾਲੇ ਦਰਜਾ-4 ਦੇ 19 ਕਰਮਚਾਰੀਆਂ ਨੂੰ ਵੀ ਵਧਾਈ ਦਿੱਤੀ ।

---------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 23, 24 ਅਤੇ 25 ਨਵੰਬਰ ਨੂੰ ਮਹੱਤਵਪੂਰਨ ਸ਼ਤਾਬਦੀਆਂ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਏ ਜਾਣਗੇ।ਇਹ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਵਸ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾ ਗੱਦੀ ਦਿਵਸ ਅਤੇ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਤੇ ਭਾਈ ਸਤੀ ਦਾਸ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹੋਣਗੇ।ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਦੱਸਿਆ ਕਿ ਇਹ ਸਮਾਗਮ ਗੁਰੂ ਕੇ ਮਹੱਲ ਤੋਂ ਸ਼ੁਰੂ ਹੋਣਗੇ। ਉਨ੍ਹਾਂ ਦੱਸਿਆ ਕਿ ਹੰਡਿਆਇਆ ਅਤੇ ਜੰਮੂ ਕਸ਼ਮੀਰ ਦੇ ਮਟਰ ਤੋਂ ਵੀ ਵਿਸ਼ਾਲ ਗੁਰਮਤਿ ਸਮਾਗਮ ਅਤੇ ਅਲੌਕਿਕ ਨਗਰ ਕੀਰਤਨ ਸਜਾਏ ਜਾਣਗੇ ।

---

ਅੱਜ ਰਾਸ਼ਟਰੀ ਝੰਡਾ ਦਿਵਸ ਏ ।ਭਾਰਤ ਵਿੱਚ ਰਾਸ਼ਟਰੀ ਝੰਡਾ ਦਿਵਸ ਹਰ ਸਾਲ 22 ਜੁਲਾਈ ਨੂੰ ਸੰਵਿਧਾਨ ਸਭਾ ਵਲੋਂ 1947 ਵਿੱਚ, ਭਾਰਤੀ ਰਾਸ਼ਟਰੀ ਝੰਡੇ ਨੂੰ ਅਪਣਾਏ ਜਾਣ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਹ ਤਿਰੰਗੇ ਅਤੇ ਭਾਰਤ ਦੀ ਆਜ਼ਾਦੀ ਤੇ ਏਕਤਾ ਦੇ ਪ੍ਰਤੀਕ ਵਜੋਂ ਇਸਦੀ ਅਹਿਮੀਅਤ ਦਾ ਸਨਮਾਨ ਕਰਨ ਦਾ ਦਿਨ ਏ. 1947 ਵਿੱਚ ਅੱਜ ਦੇ ਹੀ ਦਿਨ, ਸੰਵਿਧਾਨ ਸਭਾ ਨੇ ਭਾਰਤੀ ਰਾਸ਼ਟਰੀ ਝੰਡੇ ਨੂੰ ਅਪਣਾਇਆ ਸੀ, ਜੋ ਕਿ ਭਾਰਤ ਦੀ ਆਜ਼ਾਦੀ ਦਾ ਸੰਕੇਤ ਦੇਣ ਵਾਲੇ ਇੱਕ ਮੋੜ ਨੂੰ ਦਰਸਾਉਂਦਾ ਏ। ਇਹ ਦਿਨ ਦੇਸ਼ ਦੀ ਏਕਤਾ, ਆਜ਼ਾਦੀ ਅਤੇ ਤਰੱਕੀ ਦੀਆਂ ਕਦਰਾਂ-ਕੀਮਤਾਂ ਦੀ ਯਾਦ ਦਿਵਾਉਂਦਾ ਏ, ਜਿਨ੍ਹਾਂ ਦਾ ਤਿਰੰਗਾ ਪ੍ਰਤੀਕ ਏ। ਇਸ ਸਾਲ ਦਾ ਵਿਸ਼ਾ ਏ - ਇੱਕ ਰਾਸ਼ਟਰ, ਇੱਕ ਝੰਡਾ: ਕੁਰਬਾਨੀ ਵਿੱਚ ਇੱਕਜੁੱਟ, ਸ਼ਾਂਤੀ ਲਈ ਵਚਨਬੱਧ।

---

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਅੰਤਿਮ ਤਿਆਰੀਆਂ ਦਾ ਜਾਇਜ਼ਾ

ਲਿਆ।ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਦੇ ਮੁੱਖ ਅਧਿਕਾਰੀ ਅਤੇ ਠੇਕੇਦਾਰੀ ਫਰਮਾਂ ਦੇ ਨੁਮਾਇੰਦੇ ਸ਼ਾਮਲ ਰਹੇ ।ਡਿਪਟੀ ਕਮਿਸ਼ਨਰ ਨੇ ਸਫਾਈ ਸਮੇਤ ਚੱਲ ਰਹੇ ਛੋਟੇ ਕੰਮਾਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਏਜੰਸੀਆਂ ਨਾਲ ਨੇੜਿਓਂ ਤਾਲਮੇਲ ਵਿੱਚ ਕੰਮ ਕਰ ਰਿਹਾ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੀਆਂ ਤਿਆਰੀਆਂ ਨੂੰ ਜਲਦੀ ਅੰਤਿਮ ਰੂਪ ਦਿੱਤਾ ਜਾਵੇ|

---

ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਡਿਜੀਟਲ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਬਾਰੇ ਪੁਲਿਸ ਕਮਿਸ਼ਨਰ ਦਫ਼ਤਰ ਵਿਖੇ ਸਾਈਬਰ ਕਿਓਸਕ ਮਸ਼ੀਨ ਸਥਾਪਿਤ ਕੀਤੀ ਗਈ ਏ ।ਇਸਦਾ ਉਦਘਾਟਨ ਤਕਨੀਕੀ ਸੇਵਾਵਾਂ ਬਾਰੇ ਵਿਸ਼ੇਸ਼ ਡੀ.ਜੀ.ਪੀ ਰਾਮ ਸਿੰਘ ਨੇ ਕੀਤਾ ।ਇਹ ਸਾਈਬਰ ਕਿਓਸਕ ਇੱਕ ਸਟੈਂਡ ਅਲੋਨ ਮਸ਼ੀਨ ਏ , ਜੋ ਕਿ ਮੋਬਾਈਲ ਡਿਵਾਈਸਾਂ ਅਤੇ ਯੂ.ਐਸ.ਬੀ ਸਟੋਰੇਜ ਡਿਵਾਈਸਾਂ ਵਿੱਚੋਂ ਖਤਰਨਾਕ, ਸ਼ੱਕੀ ਜਾਂ ਹਾਨੀਕਾਰਕ ਫਾਈਲਾਂ ਅਤੇ ਐਪਲੀਕੇਸ਼ਨਾਂ ਦੀ ਪਛਾਣ ਕਰਦੀ ਏ , ਜਿਸ ਰਾਹੀਂ ਨਾਗਰਿਕ ਆਪਣੇ ਡਿਜੀਟਲ ਡਿਵਾਈਸ ਸੁਰੱਖਿਅਤ ਰੱਖ ਸਕਣਗੇ।ਉਨ੍ਹਾਂ ਨਾਲ ਪੁਲਿਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ

ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀ ਵੀ ਮੌਜੂਦ ਸਨ। ਇਸ ਤੋ ਇਲਾਵਾ ਉਨ੍ਹਾਂ ਇਕ ਉੱਚ ਪੱਧਰੀ ਮੀਟਿੰਗ ਕੀਤੀ ਜਿਸ ਵਿੱਚ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਨਸ਼ਾ ਵਿਰੁੱਧ ਲੜਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਚਰਚਾ ਹੋਈ ।

---------------------------------------------------------------------------

ਦੇਸ਼ ਸਮੇਤ ਮੁਹਾਲੀ ਜਿਲ੍ਹੇ ਵਿੱਚ ਵੀ ਮਹਾ ਸ਼ਿਵਰਾਤਰੀ ਨੂੰ ਲੈਕੇ ਬਹੁਤ ਉਤਸਾਹ ਵੇਖਣ ਨੂੰ ਮਿਲ ਰਿਹਾ ਏ । ਲੋਕ ਕਾਵੜ ਯਾਤਰਾ ਪੈਦਲ ਯਾਤਰਾ ਤੇ ਗੱਡੀ ਵਿੱਚ ਕੀਤੀ ਜਾਂਦੀ ਡਾਕ ਯਾਤਰਾ ਰਾਹੀਂ ਹਰਿਦਵਾਰ ਤੋਂ ਪਵਿੱਤਰ ਗੰਗਾ ਜਲ ਲੈਕੇ ਆ ਰਹੇ ਨੇ ।ਸੜਕਾਂ 'ਤੇ ਸ਼ਰਧਾਲੂ ਹਰ ਹਰ ਮਹਾਦੇਵ ਦੇ ਜੈਕਾਰੇ ਲਾਉਂਦੇ ਆਪਣੇ ਪਿੰਡ ਸ਼ਹਿਰ, ਕਸਬੇ ਚ ਸਥਿਤ ਸ਼ਿਵ ਮੰਦਰਾਂ ਵੱਲ ਵਧ ਰਹੇ ਨੇ । ਸ਼ਰਧਾਲੂਆਂ ਨੇ ਮੁਹਾਲੀ ਵਿਖੇ ਆਕਾਸ਼ਵਾਣੀ ਨਾਲ ਗਲਬਾਤ ਕਰਦਿਆਂ ਆਪਣੇ ਤਜਰਬੇ ਸਾਂਝੇ ਕੀਤੇ ।

---------------------------------------------------------------------------

ਪਠਾਨਕੋਟ ਪੁਲਿਸ ਨੇ ਸ਼ਹਿਰ 'ਚ ਲਗਾਤਾਰ ਹੋ ਰਹੀਆਂ ਲੁਟਾਂ ਖੋਹਾਂ ਕਰਨ ਵਾਲੇ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ । ਇਨਾ ਕੋਲੋਂ ਪੁਲੀਸ ਨੇ 45 ਗ੍ਰਾਮ ਹੈਰੋਇਨ ਵੀ ਬਰਾਮਦ ਕੀਤੀ ਗਈ ਏ ।

ਐਸ ਪੀ ਡੀ ਮਨੋਜ ਠਾਕੁਰ ਨੇ ਦੱਸਿਆ ਕਿ ਇਨਾ ਨੂੰ ਅਬਰੋਲ ਨਗਰ ਪੁੱਲ ਤੋਂ ਨਾਕੇ ਦੌਰਾਨ ਗਿਰਫਤਾਰ ਕੀਤਾ ਗਿਆ ਏ।ਪੁਲਿਸ ਨੇ ਮਾਮਲਾ ਦਰਕ ਕਰਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਏ।

-----------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਨਾਜਾਇਜ਼ ਕਬਜ਼ੇ ਛੁਡਾਉਣ ਲਈ ਸਖ਼ਤ ਮੁਹਿੰਮ ਵਿੱਢ ਦਿੱਤੀ ਗਈ ਏ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਸਾਰੇ ਐਸ.ਡੀ.ਐਮਜ਼. ਨਾਲ ਇਕ ਉੱਚ ਪੱਧਰੀ ਮੀਟਿੰਗ ਕਰਕੇ ਸਖ਼ਤ ਹਦਾਇਤ ਕੀਤੀ ਏ  ਕਿ 31 ਜੁਲਾਈ ਤੱਕ ਆਪੋ-ਆਪਣੇ ਅਧਿਕਾਰ ਖੇਤਰਾਂ ਅਧੀਨ ਸਰਕਾਰੀ ਜ਼ਮੀਨਾਂ 'ਤੇ ਹੋਏ ਨਾਜਾਇਜ਼ ਕਬਜ਼ਿਆਂ ਦੀ ਪਛਾਣ ਕਰਕੇ ਸਰਕਾਰੀ ਮਾਲਕੀ ਦੇ ਸਾਈਨ ਬੋਰਡ ਲਗਾਏ ਜਾਣ, ਤਾਂ ਜੋ ਇੱਥੇ ਖੇਡ ਮੈਦਾਨ ਅਤੇ ਪਾਰਕਾਂ ਵਿਕਸਿਤ ਕੀਤੀਆਂ ਜਾ ਸਕਣ। ਉਨ੍ਹਾਂ ਵਲੋਂ ਇਹ ਨਿਰਦੇਸ਼ ਸਰਕਾਰੀ ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ ਸੰਬੰਧੀ ਸ਼ਿਕਾਇਤਾਂ ਦੇ ਮੱਦੇਨਜ਼ਰ ਜਾਰੀ ਕੀਤੇ ਗਏ ਨੇ।ਡਾ. ਅਗਰਵਾਲ ਨੇ ਐਸ.ਡੀ.ਐਮਜ਼ ਨੂੰ ਇਨ੍ਹਾਂ ਖਾਲੀ ਪਈਆਂ ਜ਼ਮੀਨਾਂ 'ਤੇ ਅਸਥਾਈ ਤੌਰ ’ਤੇ ਪਾਰਕ ਅਤੇ ਖੇਡ ਮੈਦਾਨ ਵਿਕਸਿਤ

ਕਰਨ ਲਈ ਤਜਵੀਜ਼ਾਂ ਭੇਜਣ ਦੇ ਨਿਰਦੇਸ਼ ਵੀ ਦਿੱਤੇ ਹਨ, ਤਾਂ ਜੋ ਇਨ੍ਹਾਂ ਦੀ ਸਰਵਉੱਤਮ ਵਰਤੋਂ ਯਕੀਨੀ ਬਣਾਈ ਜਾ ਸਕੇ ਅਤੇ ਅਣ-ਅਧਿਕਾਰਤ ਕਬਜ਼ਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਖਾਲੀ ਪਈ ਸਰਕਾਰੀ ਜ਼ਮੀਨ ਲੋਕਾਂ ਦੀ ਸੁਵਿਧਾ ਲਈ ਵਰਤਣ ਨਾਲ ਸਮਾਜ ਦੀ ਸੇਵਾ ਹੋਵੇਗੀ ਅਤੇ ਨਾਲ ਹੀ ਜਾਇਦਾਦਾਂ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਵੀ ਬਚਾਇਆ ਜਾ ਸਕੇਗਾ।

---------------------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ, CBSE ਨੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ, ਆਪਣੇ ਸਾਰੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ, ਆਡੀਓ-ਵਿਜ਼ੂਅਲ ਰਿਕਾਰਡਿੰਗ ਵਾਲੇ ਸੀਸੀਟੀਵੀ ਕੈਮਰੇ ਲਗਾਉਣਾ ਲਾਜ਼ਮੀ ਕਰ ਦਿੱਤਾ ਏ। ਨਵੇਂ ਨਿਯਮਾਂ ਅਨੁਸਾਰ ਪਖਾਨਿਆਂ ਨੂੰ ਛੱਡ ਕੇ, ਕੈਮਰੇ ਪ੍ਰਵੇਸ਼ ਅਤੇ ਨਿਕਾਸ ਗੇਟਾਂ, ਗਲਿਆਰਿਆਂ, ਪੌੜੀਆਂ, ਕਲਾਸਰੂਮਾਂ, ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ, ਕੰਟੀਨਾਂ, ਖੇਡ ਦੇ ਮੈਦਾਨਾਂ ਅਤੇ ਹੋਰ ਸਾਂਝੇ ਖੇਤਰਾਂ ਵਿੱਚ ਲਗਾਏ ਜਾਣਗੇ। ਕੈਮਰਿਆਂ ਵਿੱਚ ਰੀਅਲ-ਟਾਈਮ ਰਿਕਾਰਡਿੰਗ ਹੋਵੇਗੀ ਅਤੇ ਘੱਟੋ-ਘੱਟ 15 ਦਿਨਾਂ ਦਾ ਡੇਟਾ ਉਪਲਬਧ ਹੋਵੇਗਾ ਜਿਸਦੀ ਵਰਤੋਂ ਲੋੜ ਅਨੁਸਾਰ ਕੀਤੀ ਜਾ ਸਕੇਗੀ।

ਇਸ ਸਬੰਧ ਵਿੱਚ, ਕੱਲ੍ਹ ਜਾਰੀ ਇੱਕ ਨੋਟੀਫਿਕੇਸ਼ਨ ਵਿੱਚ, CBSE ਨੇ ਆਪਣੇ ਨਿਯਮਾਂ ਵਿੱਚ ਸੋਧਾਂ ਦਾ ਐਲਾਨ ਕੀਤਾ।

---------------------------------------------------------------------

ਜਲੰਧਰ, ਪਠਾਨਕੋਟ, ਫਾਜ਼ਿਲਕਾ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚ ਅੱਜ ਸਵੇਰ ਤੋਂ ਭਾਰੀ ਮੀਂਹ ਪਿਆ ।ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਪੱਛਮੀ ਉੱਤਰ ਪ੍ਰਦੇਸ਼ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਵੀ ਭਾਰੀ ਬਾਰਿਸ਼ ਦੀ ਸੰਭਾਵਨਾ ਜਤਾਈ ਏ |

---------------------------------------------------------------------

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਦਾ ਅਸਤੀਫ਼ਾ ਸਵੀਕਾਰ ਕਰ ਲਿਆ ਗਿਆ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਤੋਂ ਬਰਤਾਨੀਆ ਦੇ ਦੌਰੇ 'ਤੇ ਹੋਣਗੇ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸ੍ਰੀ ਹਰਿਮੰਦਰ ਸਾਹਿਬ ਨੂੰ ਮਿਲ ਰਹੀਆਂ ਧਮਕੀ ਭਰੀਆਂ ਈ-ਮੇਲਾਂ ਦੀ ਗੰਭੀਰਤਾ ਨੂੰ ਸਮਝਦਿਆਂ, ਸਰਕਾਰ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਨੇ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਰਾਸ਼ਟਰੀ ਖੇਤੀਬਾੜੀ ਅਤੇ ਦਿਹਾਤੀ ਵਿਕਾਸ ਬੈਂਕ ਨੇ ਸੂਬੇ ਦੀ ਖੇਤੀ ਅਰਥ-ਵਿਵਸਥਾ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਈ ਏ - ਬਿਹਤਰੀਨ ਪ੍ਰਦਰਸ਼ਨ ਕਰਨ ਵਾਲੀਆਂ ਸੁਸਾਇਟੀਆਂ ਨੂੰ ਕੀਤਾ ਸਨਮਾਨਿਤ।
- ਜਲੰਧਰ, ਪਠਾਨਕੋਟ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚ ਅੱਜ ਭਾਰੀ ਮੀਂਹ ਪਿਆ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7**

**ਵੱਜਕੇ 30 ਮਿੰਟ 'ਤੇ ਨਮਸਕਾਰ !**